# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**20:30**

**ਮਿਤੀ :13-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਲਮੀ ਅਨਿਸ਼ਚਿਤਤਾ ਦੇ ਬਾਵਜੂਦ , ਭਾਰਤ ਦਾ ਆਰਥਿਕ ਵਿਕਾਸ, ਮਜ਼ਬੂਤ ਨੀਂਹ 'ਤੇ ਟਿਕਿਆ ਹੋਇਆ ਏ |
- ਸੂਚਨਾ ਅਤੇ ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਡਾ. L . ਮੁਰੂਗਨ ਨੇ ਆਪਣੇ ਅਹੁਦੇ ਅਤੇ ਰਾਜ ਸਭਾ ਦੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ ਏ ।
- UPI ਰਾਹੀਂ ਗਾਹਕ ਤੋਂ ਵਪਾਰੀ ਦਰਮਿਆਨ 2,000 ਰੁਪਏ ਤੋਂ ਵੱਧ ਦੇ ਲੈਣ-ਦੇਣ ਲਈ UPI MERCHANT DISCOUNT RATE ਹੁਣ ਦੀਵਾਲੀ ਤੋਂ ਬਾਅਦ ਲਾਗੂ ਹੋਏਗਾ |
- ਭਾਰਤ ਨੇ ਦੁਹਰਾਇਆ ਕਿ ਲੱਦਾਖ ਭਾਰਤ ਦਾ ਇੱਕ ਅਟੁੱਟ ਹਿੱਸਾ ਏ , ਅਤੇ ਚੀਨ ਵੱਲੋਂ ਕਿਸੇ ਵੀ ਤਰ੍ਹਾਂ ਦਾ ਇਨਕਾਰ ਇਸ ਸਥਾਪਿਤ ਤੱਥ ਨੂੰ ਬਦਲ ਨਹੀਂ ਸਕਦਾ।

- ਭਾਰਤੀ ਜਨਤਾ ਪਾਰਟੀ  ਨੇ ਇਲਜ਼ਾਮ ਲਾਇਆ ਏ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ S.I.R. ਦੇ ਮੁੱਦੇ 'ਤੇ ਦੇਸ਼ ਨੂੰ ਗੁੰਮਰਾਹ ਕਰ ਰਹੇ ਨੇ  |

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਆਪਣੇ ਸ਼ਾਸਨ ਦ੍ਰਿਸ਼ਟੀਕੋਣ ਅਤੇ ਕਾਰਜ ਸੱਭਿਆਚਾਰ ਵਿੱਚ 'ਸ਼ਕਤੀ ਤੋਂ ਸਸ਼ਕਤੀਕਰਨ' ਦੇ ਸਿਧਾਂਤ ਨੂੰ ਅਪਣਾਇਆ ਏ। ਨਵੀਂ ਦਿੱਲੀ ਵਿੱਚ ਬਲੂਮਬਰਗ ਨਿਊ ਇਕਾਨਮੀ ਫੋਰਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਤਰੱਕੀ ਸਮੂਹਿਕ ਵਿਕਾਸ ਅਤੇ ਸਾਂਝੇ ਮੌਕਿਆਂ 'ਤੇ ਟਿਕੀ ਹੋਈ ਏ।ਉਨ੍ਹਾਂ ਕਿਹਾ ਕਿ ਤਾਕਤ, ਸਿਰਫ਼ ਅੱਗੇ ਵਧਣ ਦੀ ਯੋਗਤਾ ਨਹੀਂ ਏ, ਸਗੋਂ ਇਹ ਦੂਜਿਆਂ ਨੂੰ ਸਮਰੱਥ ਬਣਾਉਣ ਦੀ ਯੋਗਤਾ ਵੀ ਏ।

BYTE

ਉਨ੍ਹਾਂ ਕਿਹਾ ਕਿ ਮੌਜੂਦਾ ਯੁੱਗ ਵਿੱਚ, ਡਿਜੀਟਲ ਸ਼ਕਤੀ, ਇਸ ਬਦਲਾਅ ਦੇ ਮੁੱਖ ਚਾਲਕਾਂ ਵਿੱਚੋਂ ਇੱਕ ਏ ਅਤੇ ਇਸ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਵਿੱਚ, ਇੱਕ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਡਿਜੀਟਲ ਤਾਕਤ ਨੇ ਭਾਰਤ ਲਈ ਵੱਡੇ ਮੌਕਿਆਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਸ਼ਵਵਿਆਪੀ ਅਨਿਸ਼ਚਿਤਤਾ ਦੇ ਬਾਵਜੂਦ , ਭਾਰਤ ਦਾ ਆਰਥਿਕ ਵਿਕਾਸ, ਮਜ਼ਬੂਤ ਨੀਂਹ 'ਤੇ ਟਿਕਿਆ ਹੋਇਆ ਏ। ਉਨ੍ਹਾਂ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੀ ਪਹਿਲੀ ਤਿਮਾਹੀ ਵਿੱਚ, ਜੀਡੀਪੀ ਵਾਧਾ ਦਰ 7.8 ਫ਼ੀਸਦੀ ਸੀ। ਸ਼੍ਰੀ ਮੋਦੀ ਨੇ

ਕਿਹਾ ਕਿ ਅੱਜ ਭਾਰਤ ਦਾ ਵਿਦੇਸ਼ੀ ਮੁਦਰਾ ਭੰਡਾਰ 700 ਅਰਬ ਡਾਲਰ ਤੋਂ ਵੱਧ ਏ ਅਤੇ ਬੈਂਕਿੰਗ ਪ੍ਰਣਾਲੀ ਦਹਾਕਿਆਂ ਵਿੱਚ ਆਪਣੀ ਸਭ ਤੋਂ ਮਜ਼ਬੂਤ ਸਥਿਤੀ ਵਿੱਚ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਸੁਧਾਰ ਐਕਸਪ੍ਰੈਸ ਤੇਜ਼ ਰਫ਼ਤਾਰ ਨਾਲ ਅੱਗੇ ਵਧ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਭਾਰਤ ਦੀ ਤਰੱਕੀ ਸਾਰਿਆਂ ਦੇ ਨਾਲ ਅੱਗੇ ਵਧਣ ਅਤੇ ਸਾਰਿਆਂ ਨੂੰ ਇਕੱਠੇ ਲਿਆਉਣ ਦੀ ਕਹਾਣੀ ਏ। ਉਨ੍ਹਾਂ ਕਿਹਾ ਕਿ ਜਦੋਂ ਵੀ ਦੁਨੀਆ ਨੂੰ ਇੱਕ ਮਜ਼ਬੂਤ ਥੰਮ੍ਹ ਦੀ ਲੋੜ ਹੁੰਦੀ ਏ, ਤਾਂ ਭਾਰਤ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਮਦਦ ਦਾ ਹੱਥ ਵਧਾਉਂਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਭਾਰਤ ਵਿੱਚ 2 ਹਜ਼ਾਰ ਤੋਂ ਵੱਧ ਗਲੋਬਲ ਕੰਪੀਟੈਂਸ ਸੈਂਟਰ ਨੇ, ਜੋ ਦੁਨੀਆ ਭਰ ਦੀਆਂ ਕੰਪਨੀਆਂ ਨੂੰ ਸੇਵਾਵਾਂ ਪ੍ਰਦਾਨ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਤਕਨਾਲੋਜੀ, ਡੇਟਾ, ਗਿਆਨ ਅਤੇ ਨਵੀਨਤਾ, ਸ਼ਕਤੀ ਦੇ ਮਹੱਤਵਪੂਰਨ ਸਰੋਤ ਬਣ ਗਏ ਨੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਨਿਰੰਤਰ ਯਤਨ ਇਹ ਯਕੀਨੀ ਬਣਾਉਣ ਦਾ ਏ ਕਿ ਭਾਰਤ ਦੀਆਂ ਸਮਰੱਥਾਵਾਂ ਦੂਜੇ ਦੇਸ਼ਾਂ ਲਈ ਵੀ ਮੌਕਿਆਂ ਦੇ ਨਵੇਂ ਦਰਵਾਜ਼ੇ ਖੋਲ੍ਹਣ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਲੋਕਤੰਤਰ ਦੀ ਜਨਨੀ ਏ।

BYTE

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ 66ਵੇਂ ਨੈਸ਼ਨਲ ਡਿਫੈਂਸ ਕਾਲਜ ਕੋਰਸ ਦੇ ਮੈਂਬਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ 'ਤੇ ਬੋਲਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਤੇਜ਼ੀ ਨਾਲ ਬਦਲ

ਰਿਹਾ ਸੁਰੱਖਿਆ ਅਤੇ ਤਕਨੀਕੀ ਦ੍ਰਿਸ਼ ਨਵੀਆਂ ਅਤੇ ਗੁੰਝਲਦਾਰ ਚੁਣੌਤੀਆਂ ਪੇਸ਼ ਕਰ ਰਿਹਾ ਹੈ। ਰਾਸ਼ਟਰਪਤੀ  ਨੇ ਬਿਹਤਰ ਤਿਆਰੀ, ਰਣਨੀਤਕ ਦੂਰਦਰਸ਼ਤਾ ਅਤੇ ਬਦਲਦੇ ਹਾਲਾਤ ਨਾਲ ਢਲਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਯੁੱਧ ਤਕਨਾਲੋਜੀਆਂ ਰਵਾਇਤੀ ਖੇਤਰਾਂ ਦੇ ਨਾਲ ਨਾਲ   ਸਾਈਬਰ ਸੁਰੱਖਿਆ, ਪੁਲਾੜ ਤਕਨਾਲੋਜੀ ਅਤੇ ਬਾਇਓਟੈਕਨਾਲੋਜੀ ਤੱਕ ਫੈਲ ਗਈਆਂ ਨੇ । ਉਨ੍ਹਾਂ ਕਿਹਾ ਕਿ ਵਿਗਿਆਨ, ਰਾਸ਼ਟਰੀ ਸੁਰੱਖਿਆ ਅਤੇ ਆਰਥਿਕ ਗਤੀਵਿਧੀਆਂ ਵਿੱਚ ਏਆਈ ਦੀ ਵਰਤੋਂ ਵੱਧ ਰਹੀ ਹੈ। ਸੰਤੁਲਿਤ ਪਹੁੰਚ ਦੀ ਲੋੜ  'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਜ਼ੋਰ ਦਿੱਤਾ ਕਿ ਫੈਸਲਾ ਲੈਣਾ ਸਿਰਫ਼ ਤਕਨਾਲੋਜੀ 'ਤੇ ਨਿਰਭਰ ਨਹੀਂ ਹੋ ਸਕਦਾ।

---------------------------------------------------------------

ਸੂਚਨਾ ਅਤੇ ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਡਾ. ਐਲ. ਮੁਰੂਗਨ ਨੇ ਆਪਣੇ ਅਹੁਦੇ ਅਤੇ ਰਾਜ ਸਭਾ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਲਿਖੇ ਇੱਕ ਪੱਤਰ ਵਿੱਚ, ਡਾ. ਮੁਰੂਗਨ ਨੇ ਕਿਹਾ ਕਿ ਇੱਕ ਦਿਹਾੜੀ ਮਜ਼ਦੂਰ ਦੇ ਘਰ ਤੋਂ ਕੇਂਦਰੀ ਮੰਤਰੀ ਮੰਡਲ  ਵਿੱਚ ਸੇਵਾ ਕਰਨ ਤੱਕ ਦਾ ਉਨ੍ਹਾਂ ਦਾ ਸਫ਼ਰ ਉਨ੍ਹਾਂ ਦੇ ਜੀਵਨ ਦਾ ਸਭ ਤੋਂ ਵੱਡਾ ਸਨਮਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹੁਣ ਜ਼ਮੀਨੀ ਪੱਧਰ 'ਤੇ ਵਾਪਸ ਜਾਣਾ ਚਾਹੁੰਦੇ ਹਨ ਅਤੇ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਤਾਮਿਲਨਾਡੂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਮਾਂ ਸਮਰਪਿਤ ਕਰਨਾ ਚਾਹੁੰਦੇ ਨੇ । ਡਾ. ਮੁਰੂਗਨ ਨੇ ਕਿਹਾ ਕਿ ਕੇਂਦਰੀ ਮੰਤਰੀ ਮੰਡਲ ਵਿੱਚ

ਪਿਛਲੇ ਪੰਜ ਸਾਲਾਂ ਦੌਰਾਨ, ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਧੀਰਜ, ਹਮਦਰਦੀ ਅਤੇ ਅਸਾਧਾਰਨ ਸਮਰਪਣ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਪਾਰਟੀ ਅਤੇ ਪ੍ਰਧਾਨ ਮੰਤਰੀ ਦੀ ਅਗਵਾਈ ਤੋਂ ਉਨ੍ਹਾਂ ਨੂੰ ਮਿਲੇ ਸਮਰਥਨ ਨੇ ਉਨ੍ਹਾਂ ਦੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਹੈ।

-------------------------------------------------

UPI 'ਤੇ ਗਾਹਕ ਤੋਂ ਵਪਾਰੀ ਦਰਮਿਆਨ 2,000 ਰੁਪਏ ਤੋਂ ਵੱਧ ਦੇ ਲੈਣ-ਦੇਣ ਲਈ UPI MERCHANT DISCOUNT RATE ਦੀਵਾਲੀ ਤੋਂ ਬਾਅਦ ਲਾਗੂ ਕੀਤਾ ਜਾਵੇਗਾ | ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ਼ ਇੰਡੀਆ (NPCI) ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ UPI ਅਤੇ ਸੇਵਾ ਸੰਚਾਲਨ ਕਮੇਟੀ ਨੇ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਅੱਜ ਇਹ ਫੈਸਲਾ ਲਿਆ ਏ । ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਤਰੀਕ ਦਾ ਐਲਾਨ ਵੱਖਰੇ ਤੌਰ 'ਤੇ ਕੀਤਾ ਜਾਵੇਗਾ। ਸਾਰੇ ਵਿਅਕਤੀ-ਤੋਂ-ਵਿਅਕਤੀ UPI ਲੈਣ-ਦੇਣ ਮੁਫ਼ਤ ਰਹਿਣਗੇ। MDR CHARGE ਗਾਹਕ ਤੋਂ ਵਪਾਰੀ ਤੱਕ 2 ਹਜ਼ਾਰ ਰੁਪਏ ਤੋਂ ਵੱਧ ਦੇ ਲੈਣ ਦੇਣ 'ਤੇ ਲਾਗੂ ਹੋਏਗਾ | ਇਸ ਗਾਹਕ-ਤੋਂ-ਵਪਾਰੀ UPI ਲੈਣ-ਦੇਣ ਦਾ ਲਗਭਗ 96 ਫੀਸਦੀ ਹਿੱਸਾ ਪ੍ਰਭਾਵਿਤ ਨਹੀਂ ਹੋਏਗਾ ।

-------------------------------------------------

ਭਾਰਤ ਨੇ ਅੱਜ ਦੁਹਰਾਇਆ ਕਿ ਲੱਦਾਖ ਭਾਰਤ ਦਾ ਇੱਕ ਅਨਿੱਖੜਵਾਂ ਅਤੇ ਅਟੁੱਟ ਅੰਗ ਹੈ, ਅਤੇ ਚੀਨ ਵੱਲੋਂ ਕਿਸੇ ਵੀ ਤਰ੍ਹਾਂ ਦਾ ਇਨਕਾਰ ਇਸ ਸਥਾਪਿਤ ਤੱਥ ਨੂੰ ਬਦਲ ਨਹੀਂ ਸਕਦਾ। ਲੱਦਾਖ ਬਾਰੇ ਚੀਨ ਦੀਆਂ

ਹਾਲੀਆ ਟਿੱਪਣੀਆਂ ਦੇ ਸੰਬੰਧ ਵਿੱਚ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਗ੍ਰਹਿ ਮੰਤਰਾਲੇ ਦੀ ਪ੍ਰੈਸ ਰਿਲੀਜ਼ ਸਪਸ਼ਟ ਏ । RELEASE ਵਿੱਚ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਵਿੱਚ 28 ਸਥਾਨਾਂ ਦੀ ਪਛਾਣ SURVEY OF INDIA ਦੇ ਨਕਸ਼ੇ 'ਚ ਮਾਨਕ ਸਥਾਨ ਅਤੇ ਭੂਗੋਲਿਕ ਵਿਸ਼ੇਸ਼ਤਾਵਾਂ ਦੇ ਨਾਵਾਂ ਨਾਲ ਸੂਚੀਬੱਧ ਕੀਤੀ ਗਈ ਏ । ਇਹ ਕੰਮ ਲੱਦਾਖ ਪ੍ਰਸ਼ਾਸਨ ਅਤੇ ਸਥਾਨਕ ਧਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਕੀਤਾ ਗਿਆ ਏ । ਸ਼੍ਰੀ ਜੈਸਵਾਲ ਨੇ ਕਿਹਾ ਕਿ ਅਧਿਕਾਰਤ ਨਕਸ਼ੇ 'ਚ ਇਨ੍ਹਾਂ ਸਥਾਨਾਂ ਨੂੰ ਸ਼ਾਮਲ ਕਰਨ ਦਾ ਉਦੇਸ਼ ਉਨ੍ਹਾਂ ਦੀ ਸਹੀ ਪਛਾਣ ਨੂੰ ਯਕੀਨੀ ਬਣਾਉਣਾ ਅਤੇ ਆਮ ਲੋਕਾਂ 'ਚ ਉਨ੍ਹਾਂ ਬਾਰੇ ਜਾਗਰੂਕਤਾ ਵਧਾਉਣਾ ਏ ।

--------------------------------------------------------------

ਪੰਜਾਬ ਦੇ ਮਾਨਸਾ ਵਿੱਚ ਅੱਜ ਦਿਨ-ਦਿਹਾੜੇ ਨਸ਼ਾ-ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਹ ਹੱਤਿਆ ਇੱਕ ਕੈਮਿਸਟ ਵੱਲੋਂ ਕੀਤੀ ਗਈ ਏ, ਜਿਸ ਕੋਲ ਉਹ ਕਥਿਤ ਤੌਰ 'ਤੇ ਨਸ਼ੇ ਵੇਚਣ ਬਾਰੇ ਇਤਰਾਜ਼ ਜਤਾਉਣ ਲਈ ਗਿਆ ਸੀ। ਨਸ਼ਾ-ਵਿਰੋਧੀ ਕਾਰਕੁਨ ਅਤੇ ਉਸਦੇ ਸਾਥੀਆਂ ਨਾਲ ਹੋਈ ਬਹਿਸ ਦੌਰਾਨ, ਕੈਮਿਸਟ ਨੇ ਪਰਵਿੰਦਰ 'ਤੇ ਗੋਲੀ ਚਲਾ ਦਿੱਤੀ। ਉਸ ਨੂੰ ਤਿੰਨ ਗੋਲੀਆਂ ਲੱਗੀਆਂ। ਉਸ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਬੀਜੇਪੀ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਇਸ ਘਟਨਾ ਦੀ ਨਿੰਦਾ ਕੀਤੀ ਏ ਅਤੇ ਅਮਨ-ਕਾਨੂੰਨ ਦੀ ਵਿਗੜਦੀ

ਸਥਿਤੀ ਲਈ ਸੂਬਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਏ। BJP ਦੇ ਰਾਸ਼ਟਰੀ ਪ੍ਰਧਾਨ, ਨਿਤਿਨ ਨਬਿਨ ਨੇ ਕਿਹਾ ਕਿ ਇੱਕ ਨਸ਼ਾ ਵਿਰੋਧੀ ਕਾਰਕੁਨ ਦੀ ਹੱਤਿਆ ਹੈਰਾਨ ਕਰਨ ਵਾਲੀ ਹੈ ਅਤੇ 'ਆਪ' ਸਰਕਾਰ ਅਧੀਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਚਿੰਤਾਜਨਕ ਸਥਿਤੀ ਨੂੰ ਉਜਾਗਰ ਕਰਦੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨਸ਼ਾ ਮੁਕਤ ਪੰਜਾਬ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ। ਅੱਜ, ਜੋ ਲੋਕ ਨਸ਼ਿਆਂ ਵਿਰੁੱਧ ਖੜ੍ਹੇ ਨੇ  ਉਹ ਖੁਦ ਖਤਰੇ 'ਚ ਨੇ | ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਪੁੱਛਿਆ ਕਿ ਜੇਕਰ ਡਰੱਗ ਮਾਫੀਆ ਨਾਲ ਲੜਨ ਵਾਲੇ ਸੁਰੱਖਿਅਤ ਨਹੀਂ ਹਨ, ਤਾਂ ਪੰਜਾਬ ਵਿੱਚ ਕੌਣ ਸੁਰੱਖਿਅਤ ਏ ? ਪੰਜਾਬ BJP ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਇਸ ਮਾਮਲੇ ਦੀ ਸੀਬੀਆਈ ਜਾਂਚ ਲਈ ਪੱਤਰ ਲਿਖਿਆ ਹੈ ਸ੍ਰੀ ਢਿੱਲੋਂ ਨੇ ਕਿਹਾ ਹੈ ਕਿ ਪੀੜਤ ਦੇ ਪਿਤਾ ਨੇ ਆਪਣੇ ਬਿਆਨ ਵਿੱਚ ਸਥਾਨਕ ਵਿਧਾਇਕ ਦਾ ਨਾਮ ਲਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਧਾਨ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਘਟਨਾ ਸਮਾਜ ਵਿੱਚ ਨਸ਼ਿਆਂ ਦੇ ਵਧ ਰਹੇ ਮਾੜੇ ਪ੍ਰਭਾਵਾਂ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰਦੀ ਹੈ। ਇਸ ਦੌਰਾਨ, ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਇਸ ਮਾਮਲੇ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

---------------------------------------------------

ਭਾਰਤੀ ਜਨਤਾ ਪਾਰਟੀ  ਨੇ ਕਾਂਗਰਸ ਦੇ  ਸੀਨੀਅਰ  ਨੇਤਾ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ  ਦੇ ਮੁੱਦੇ 'ਤੇ ਦੇਸ਼ ਨੂੰ ਗੁੰਮਰਾਹ ਕਰਨ ਦਾ ਇਲਜ਼ਾਮ  ਲਗਾਇਆ। ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਸੀਨੀਅਰ ਭਾਜਪਾ ਨੇਤਾ ਅਤੇ ਕੇਂਦਰੀ ਮੰਤਰੀ ਪਿਊਸ਼ ਗੋਇਲ ਨੇ ਕਿਹਾ ਕਿ ਕਾਂਗਰਸ ਪਾਰਟੀ ਚੋਣ ਕਮਿਸ਼ਨ ਦੇ ਕੰਮਕਾਜ 'ਤੇ ਸਵਾਲ ਉਠਾ ਰਹੀ ਹੈ, ਪਰ ਉਹ ਆਪਣੇ ਕਾਰਜਕਾਲ ਦੌਰਾਨ ਕਮਿਸ਼ਨ ਦੀ ਕਾਰਜ ਪ੍ਰਣਾਲੀ ਦਿਖਾਈ ਨਹੀਂ ਦੇ ਰਹੀ | । ਸ਼੍ਰੀ ਗੋਇਲ ਨੇ ਇਲਜ਼ਾਮ  ਲਗਾਇਆ ਕਿ ਕਾਂਗਰਸ ਪਾਰਟੀ ਦਾ ਚੋਣ ਕਮਿਸ਼ਨਰਾਂ ਨੂੰ ਰਾਜਨੀਤਿਕ ਲਾਭ ਪਹੁੰਚਾਉਣ ਦਾ ਇਤਿਹਾਸ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਲੋਕਤੰਤਰੀ ਗਠਜੋੜ ਸਰਕਾਰ ਨੇ ਸੰਵਿਧਾਨਕ ਸੰਸਥਾਵਾਂ ਅਤੇ ਚੋਣ ਕਮਿਸ਼ਨ ਦੀ ਖੁਦਮੁਖਤਿਆਰੀ ਨੂੰ ਮਜ਼ਬੂਤ ਕੀਤਾ ਹੈ। ਕੇਂਦਰੀ ਮੰਤਰੀ ਅਤੇ ਸੀਨੀਅਰ ਜੇਡੀਯੂ ਨੇਤਾ ਰਾਜੀਵ ਰੰਜਨ ਸਿੰਘ ਨੇ ਕਾਂਗਰਸ ਪਾਰਟੀ 'ਤੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦਾ ਵੀ ਇਲਜ਼ਾਮ ਲਗਾਇਆ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਆਲਮੀ ਅਨਿਸ਼ਚਿਤਤਾ ਦੇ ਬਾਵਜੂਦ , ਭਾਰਤ ਦਾ ਆਰਥਿਕ ਵਿਕਾਸ, ਮਜ਼ਬੂਤ ਨੀਂਹ 'ਤੇ ਟਿਕਿਆ ਹੋਇਆ ਏ |

- ਸੂਚਨਾ ਅਤੇ ਪ੍ਰਸਾਰਣ ਅਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਡਾ. L . ਮੁਰੂਗਨ ਨੇ ਆਪਣੇ ਅਹੁਦੇ ਅਤੇ ਰਾਜ ਸਭਾ ਦੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਏ ।
- UPI ਰਾਹੀਂ ਗਾਹਕ ਤੋਂ ਵਪਾਰੀ ਦਰਮਿਆਨ 2,000 ਰੁਪਏ ਤੋਂ ਵੱਧ ਦੇ ਲੈਣ-ਦੇਣ ਲਈ UPI MERCHANT DISCOUNT RATE ਹੁਣ ਦੀਵਾਲੀ ਤੋਂ ਬਾਅਦ ਲਾਗੂ ਹੋਏਗਾ |
- ਭਾਰਤ ਨੇ ਦੁਹਰਾਇਆ ਕਿ ਲੱਦਾਖ ਭਾਰਤ ਦਾ ਇੱਕ ਅਟੁੱਟ ਹਿੱਸਾ ਏ , ਅਤੇ ਚੀਨ ਵੱਲੋਂ ਕਿਸੇ ਵੀ ਤਰ੍ਹਾਂ ਦਾ ਇਨਕਾਰ ਇਸ ਸਥਾਪਿਤ ਤੱਥ ਨੂੰ ਬਦਲ ਨਹੀਂ ਸਕਦਾ।

- ਭਾਰਤੀ ਜਨਤਾ ਪਾਰਟੀ ਨੇ ਇਲਜ਼ਾਮ ਲਾਇਆ ਏ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ S.I.R. ਦੇ ਮੁੱਦੇ 'ਤੇ ਦੇਸ਼ ਨੂੰ ਗੁੰਮਰਾਹ ਕਰ ਰਹੇ ਨੇ |

---------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**